ਮਾਰੂ ਮਹਲਾ ੫ ॥ ਮਾਨ ਮੋਹ ਅਰੁ ਲੋਭ ਵਿਕਾਰਾ ਬੀਓ ਚੀਤਿ ਨ ਘਾਲਿਓ ॥ ਨਾਮ ਰਤਨੁ ਗੁਣਾ ਹਰਿ ਬਣਜੇ ਲਾਦਿ ਵਖਰੁ ਲੈ ਚਾਲਿਓ ॥੧ ॥ ਸੇਵਕ ਕੀ ਓੜਕਿ ਨਿਬਹੀ ਪ੍ਰੀਤਿ ॥ ਜੀਵਤ ਸਾਹਿਬੁ ਸੇਵਿਓ ਅਪਨਾ ਚਲਤੇ ਰਾਖਿਓ ਚੀਤਿ ॥੧॥ ਰਹਾਉ ॥ ਜੈਸੀ ਆਗਿਆ ਕੀਨੀ ਠਾਕੁਰਿ ਤਿਸ ਤੇ ਮੁਖੁ ਨਹੀ ਮੋਰਿਓ ॥ ਸਹਜੁ ਅਨੰਦੁ ਰਖਿਓ ਗ੍ਰਿਹ ਭੀਤਰਿ ਉਠਿ ਉਆਹੂ ਕਉ ਦਉਰਿਓ ॥੨॥ ਆਗਿਆ ਮਹਿ ਭੂਖ ਸੋਈ ਕਰਿ ਸੂਖਾ ਸੋਗ ਹਰਖ ਨਹੀ ਜਾਨਿਓ ॥ ਜੋ ਜੋ ਹੁਕਮੁ ਭਇਓ ਸਾਹਿਬ ਕਾ ਸੋ ਮਾਥੈ ਲੇ ਮਾਨਿਓ ॥੩ ॥ ਭਇਓ ਕ੍ਰਿਪਾਲੁ ਠਾਕੁਰੁ ਸੇਵਕ ਕਉ ਸਵਰੇ ਹਲਤ ਪਲਾਤਾ ॥ ਧੰਨੁ ਸੇਵਕੁ ਸਫਲੁ ਓਹੁ ਆਇਆ ਜਿਨਿ ਨਾਨਕ ਖਸਮੁ ਪਛਾਤਾ ॥੪॥੫॥ {ਪੰਨਾ 1000}

ਪਦਅਰਥ:- ਅਰੁ—ਅਤੇ {ਲਫ਼ਜ਼ 'ਅਰੁ' ਅਤੇ 'ਅਰਿ' ਦਾ ਫ਼ਰਕ ਚੇਤੇ ਰੱਖੋ। ਅਰਿ—ਵੈਰੀ}। ਬੀਓ—ਦੂਜਾ। ਚੀਤਿ—ਚਿੱਤ ਵਿਚ। ਘਾਲਿਓ—ਘੱਲਿਆ, ਆਉਣ ਦਿੱਤਾ, ਲਿਆਂਦਾ। ਬਣਜੇ—ਵਣਜ ਕੀਤਾ, ਵਪਾਰ ਕੀਤਾ, ਖ਼ਰੀਦੇ। ਲਾਦਿ—ਲੱਦ ਕੇ। ਵਖਰੁ—ਸੌਦਾ।1।

ਓੜਕਿ—ਅਖ਼ੀਰ ਤਕ। ਨਿਬਹੀ—ਬਣੀ ਰਹਿੰਦੀ ਹੈ। ਸੇਵਿਓ—ਸਿਮਰਦਾ ਰਿਹਾ। ਚਲਤੇ—ਜਗਤ ਤੋਂ ਤੁਰਨ ਵੇਲੇ। ਚੀਤਿ—ਚਿੱਤ ਵਿਚ।1। ਰਹਾਉ।

ਆਗਿਆ—ਹੁਕਮ। ਠਾਕੁਰਿ—ਠਾਕੁਰ ਨੇ। ਤਿਸ ਤੇ—{ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਮੋਰਿਓ—ਮੋੜਿਆ। ਸਹਜੁ—ਆਤਮਕ ਅਡੋਲਤਾ। ਗ੍ਰਿਹ ਭੀਤਰਿ—ਘਰ ਵਿਚ। ਉਆਹੂ ਕਉ—ਉਸੇ ਪਾਸੇ ਵਲ। ਦਉਰਿਓ—ਦੌੜ ਪਿਆ।2।

ਭੂਖ—ਭੁੱਖ, ਗਰੀਬੀ। ਕਰਿ ਸੂਖਾ—ਸੁਖ ਕਰ ਕੇ, ਸੁਖ ਜਾਣ ਕੇ। ਸੋਗ—ਗ਼ਮ। ਹਰਖ—ਖ਼ੁਸ਼ੀ। ਸਾਹਿਬ ਕਾ—{ਰਹਾਉ ਦੀ ਤੁਕ ਵਿਚ ਲਫ਼ਜ਼ 'ਸਾਹਿਬੁ' ਅਤੇ ਇਥੇ 'ਸਾਹਿਬ ਕਾ' ਲਫ਼ਜ਼ਾਂ ਦਾ ਜੋੜ ਵੇਖਣਾ}। ਮਾਥੈ ਲੇ—ਮੱਥੇ ਉਤੇ ਲੈ ਕੇ।3।

ਸੇਵਕ ਕਉ—ਸੇਵਕ ਨੂੰ, ਸੇਵਕ ਉਤੇ। ਸਵਰੇ—ਸੰਵਰ ਗਏ। ਹਲਤ ਪਲਾਤਾ—ਹਲਤ ਪਲਤ, ਇਹ ਲੋਕ ਤੇ ਪਰਲੋਕ। ਧੰਨੁ—ਭਾਗਾਂ ਵਾਲਾ। ਸਫਲੁ—ਕਾਮਯਾਬ। ਜਿਨਿ—ਜਿਸ ਨੇ। ਨਾਨਕ—ਹੇ ਨਾਨਕ! ਖਸਮੁ ਪਛਾਤਾ—ਖਸਮ-ਪ੍ਰਭੂ ਨਾਲ ਸਾਂਝ ਪਾਈ।4।

ਅਰਥ:- ਹੇ ਭਾਈ! ਪਰਮਾਤਮਾ ਦੇ ਭਗਤ ਦੀ ਪਰਮਾਤਮਾ ਨਾਲ ਪ੍ਰੀਤ ਅਖ਼ੀਰ ਤਕ ਬਣੀ ਰਹਿੰਦੀ ਹੈ। ਜਿਤਨਾ ਚਿਰ ਉਹ ਜਗਤ ਵਿਚ ਜੀਊਂਦਾ ਹੈ ਉਤਨਾ ਚਿਰ ਆਪਣੇ ਮਾਲਕ-ਪ੍ਰਭੂ ਦੀ ਸੇਵਾ-

ਭਗਤੀ ਕਰਦਾ ਰਹਿੰਦਾ ਹੈ, ਜਗਤ ਤੋਂ ਤੁਰਨ ਲੱਗਾ ਭੀ ਪ੍ਰਭੂ ਨੂੰ ਆਪਣੇ ਚਿੱਤ ਵਿਚ ਵਸਾਈ ਰੱਖਦਾ ਹੈ।1। ਰਹਾਉ।

ਹੇ ਭਾਈ! ਮਾਣ ਮੋਹ ਅਤੇ ਲੋਭ ਆਦਿਕ ਹੋਰ ਹੋਰ ਵਿਕਾਰਾਂ ਨੂੰ ਪਰਮਾਤਮਾ ਦਾ ਸੇਵਕ ਆਪਣੇ ਚਿੱਤ ਵਿਚ ਨਹੀਂ ਆਉਣ ਦੇਂਦਾ। ਉਹ ਸਦਾ ਪਰਮਾਤਮਾ ਦਾ ਨਾਮ-ਰਤਨ ਅਤੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੀ ਵਣਜਦਾ ਰਹਿੰਦਾ ਹੈ। ਇਹੀ ਸੌਦਾ ਉਹ ਇਥੋਂ ਲੱਦ ਕੇ ਲੈ ਤੁਰਦਾ ਹੈ।1।

ਹੇ ਭਾਈ! ਸੇਵਕ ਉਹ ਹੈ ਜਿਸ ਨੂੰ ਮਾਲਕ-ਪ੍ਰਭੂ ਨੇ ਜਿਹੋ ਜਿਹਾ ਕਦੇ ਹੁਕਮ ਕੀਤਾ, ਉਸ ਨੇ ਉਸ ਹੁਕਮ ਤੋਂ ਕਦੇ ਮੂੰਹ ਨਹੀਂ ਮੋੜਿਆ। ਜੇ ਮਾਲਕ ਨੇ ਉਸ ਨੂੰ ਘਰ ਦੇ ਅੰਦਰ ਟਿਕਾਈ ਰੱਖਿਆ, ਤਾਂ ਸੇਵਕ ਵਾਸਤੇ ਉਥੇ ਹੀ ਆਤਮਕ ਅਡੋਲਤਾ ਤੇ ਆਨੰਦ ਬਣਿਆ ਰਹਿੰਦਾ ਹੈ; (ਜੇ ਮਾਲਕ ਨੇ ਆਖਿਆ—) ਉੱਠ (ਉਸ-ਪਾਸੇ ਵਲ ਜਾਹ, ਤਾਂ ਸੇਵਕ) ਉਸੇ ਪਾਸੇ ਵਲ ਦੌੜ ਪਿਆ।2।

ਹੇ ਭਾਈ! ਜੇ ਸੇਵਕ ਨੂੰ ਮਾਲਕ-ਪ੍ਰਭੂ ਦੇ ਹੁਕਮ ਵਿਚ ਭੁੱਖ-ਨੰਗ ਆ ਗਈ, ਤਾਂ ਉਸ ਨੂੰ ਹੀ ਉਸ ਨੇ ਸੁਖ ਮੰਨ ਲਿਆ। ਸੇਵਕ ਖ਼ੁਸ਼ੀ ਜਾਂ ਗ਼ਮੀ ਦੀ ਪਰਵਾਹ ਨਹੀਂ ਕਰਦਾ। ਸੇਵਕ ਨੂੰ ਮਾਲਕ-ਪ੍ਰਭੂ ਦਾ ਜਿਹੜਾ ਜਿਹੜਾ ਹੁਕਮ ਮਿਲਦਾ ਹੈ, ਉਸ ਨੂੰ ਸਿਰ-ਮੱਥੇ ਮੰਨਦਾ ਹੈ।3।

ਹੇ ਨਾਨਕ! ਮਾਲਕ-ਪ੍ਰਭੂ ਜਿਸ ਸੇਵਕ ਉਥੇ ਦਇਆਵਾਨ ਹੁੰਦਾ ਹੈ, ਉਸ ਦਾ ਇਹ ਲੋਕ ਤੇ ਪਰਲੋਕ ਦੋਵੇਂ ਸੁਧਰ ਜਾਂਦੇ ਹਨ। ਜਿਸ ਸੇਵਕ ਨੇ ਖ਼ਸਮ-ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ, ਉਹ ਭਾਗਾਂ ਵਾਲਾ ਹੈ, ਉਸ ਦਾ ਦੁਨੀਆ ਵਿਚ ਆਉਣਾ ਸਫਲ ਹੋ ਜਾਂਦਾ ਹੈ।4।5।